ਸੂਹੀ ਮਹਲਾ ੫ ॥ ਬੁਰੇ ਕਾਮ ਕਉ ਊਠਿ ਖਲੋਇਆ ॥ ਨਾਮ ਕੀ ਬੇਲਾ ਪੈ ਪੈ ਸੋਇਆ ॥ ੧॥ ਅਉਸਰੁ ਅਪਨਾ ਬੂਝੈ ਨ ਇਆਨਾ ॥ ਮਾਇਆ ਮੋਹ ਰੰਗਿ ਲਪਟਾਨਾ ॥੧॥ ਰਹਾਉ ॥ ਲੋਭ ਲਹਰਿ ਕਉ ਬਿਗਸਿ ਫੂਲਿ ਬੈਠਾ ॥ ਸਾਧ ਜਨਾ ਕਾ ਦਰਸੁ ਨ ਡੀਠਾ ॥੨॥ ਕਬਹੂ ਨ ਸਮਝੈ ਅਗਿਆਨੁ ਗਵਾਰਾ ॥ ਬਹੁਰਿ ਬਹੁਰਿ ਲਪਟਿਓ ਜੰਜਾਰਾ ॥੧॥ ਰਹਾਉ ॥ ਬਿਖੈ ਨਾਦ ਕਰਨ ਸੁਣਿ ਭੀਨਾ ॥ ਹਰਿ ਜਸੁ ਸੁਨਤ ਆਲਸੁ ਮਨਿ ਕੀਨਾ ॥੩॥ ਦ੍ਰਿਸਟਿ ਨਾਹੀ ਰੇ ਪੇਖਤ ਅੰਧੇ ॥ ਛੋਡਿ ਜਾਹਿ ਝੂਠੇ ਸਭਿ ਧੰਧੇ ॥੧॥ ਰਹਾਉ ॥ ਕਹੁ ਨਾਨਕ ਪ੍ਰਭ ਬਖਸ ਕਰੀਜੈ ॥ ਕਰਿ ਕਿਰਪਾ ਮੋਹਿ ਸਾਧਸੰਗੁ ਦੀਜੈ ॥੪॥ ਤਉ ਕਿਛੁ ਪਾਈਐ ਜਉ ਹੋਈਐ ਰੇਨਾ ॥ ਜਿਸਹਿ ਬੁਝਾਏ ਤਿਸੁ ਨਾਮੁ ਲੈਨਾ ॥੧॥ ਰਹਾਉ ॥੨॥੮॥
{ਪੰਨਾ 738}

ਪਦਅਰਥ:- ਊਠਿ ਖਲੋਇਆ—ਉੱਠ ਕੇ ਖਲੋ ਜਾਂਦਾ ਹੈ, ਛੇਤੀ ਤਿਆਰ ਹੋ ਪੈਂਦਾ ਹੈ। ਬੇਲਾ—ਵੇਲਾ, ਵੇਲੇ। ਪੈ ਪੈ ਸੋਇਆ—ਲੰਮੀਆਂ ਤਾਣ ਕੇ ਪਿਆ ਰਹਿੰਦਾ ਹੈ।1।

ਅਉਸਰੁ—ਸਮਾ, ਮੌਕਾ। ਰੰਗਿ—ਰੰਗ ਵਿਚ, ਲਗਨ ਵਿਚ। ਲਪਟਾਨਾ—ਮਸਤ ਰਹਿੰਦਾ ਹੈ।1। ਰਹਾਉ।

ਬਿਗਸਿ—ਖ਼ੁਸ ਹੋ ਕੇ। ਫੂਲਿ ਬੈਠਾ—ਫੁੱਲ ਫੁੱਲ ਬੈਠਦਾ ਹੈ।2।

ਅਗਿਆਨੁ—ਆਤਮਕ ਜੀਵਨ ਦੀ ਸੂਝ ਤੋਂ ਸੱਖਣਾ। ਗਵਾਰਾ—ਮੂਰਖ। ਬਹੁਰਿ ਬਹੁਰਿ—ਮੁੜ ਮੁੜ। ਜੰਜਾਰਾ—ਜੰਜਾਲਾਂ ਵਿਚ, ਧੰਧਿਆਂ ਵਿਚ।1। ਰਹਾਉ।

ਬਿਖੈ ਨਾਦ—ਵਿਸ਼ੇ-ਵਿਕਾਰਾਂ ਵਾਲੇ ਗੀਤ। ਕਰਨ—ਕੰਨਾਂ ਨਾਲ। ਸੁਣਿ—ਸੁਣ ਕੇ। ਭੀਨਾ—ਖ਼ੁਸ਼ ਹੁੰਦਾ ਹੈ। ਸੁਨਤ—ਸੁਣਦਿਆਂ, ਸੁਣਨੋਂ। ਮਨਿ—ਮਨ ਵਿਚ।3।

ਰੇ ਅੰਧੇ—ਹੇ ਅੰਨ੍ਹੇ! ਜਾਹਿ—ਜਾਵੇਂਗਾ। ਸਭਿ—ਸਾਰੇ।1। ਰਹਾਉ।

ਪ੍ਰਭ—ਹੇ ਪ੍ਰਭੂ! ਬਖਸ—ਕਿਰਪਾ, ਮੇਹਰ। ਕਰਿ—ਕਰ ਕੇ। ਮੋਹਿ—ਮੈਨੂੰ। ਸੰਗੁ—ਸਾਥ।4।

ਤਉ—ਤਦੋਂ। ਜਉ—ਜਦੋਂ। ਰੇਨਾ—ਚਰਨ-ਧੂੜ। ਜਿਸਹਿ—ਜਿਸ ਨੂੰ {ਲਫ਼ਜ਼ 'ਜਿਸੁ' ਦਾ ੁ ਕ੍ਰਿਆ-ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਿਆ ਹੈ}।1। ਰਹਾਉ।

ਅਰਥ:- ਹੇ ਭਾਈ! ਮੂਰਖ ਮਨੁੱਖ ਮੰਦੇ ਕੰਮ ਕਰਨ ਲਈ (ਤਾਂ) ਛੇਤੀ ਤਿਆਰ ਹੋ ਪੈਂਦਾ ਹੈ, ਪਰ ਪਰਮਾਤਮਾ ਦਾ ਨਾਮ ਸਿਮਰਨ ਦੇ ਵੇਲੇ (ਅੰਮ੍ਰਿਤ ਵੇਲੇ) ਲੰਮੀਆਂ ਤਾਣ ਕੇ ਪਿਆ ਰਹਿੰਦਾ ਹੈ (ਬੇ-ਪਰਵਾਹ ਹੋ ਕੇ ਸੁੱਤਾ ਰਹਿੰਦਾ ਹੈ)।1।

ਹੇ ਭਾਈ! ਮੂਰਖ ਮਨੁੱਖ ਮਾਇਆ ਦੇ ਮੋਹ ਦੀ ਲਗਨ ਵਿਚ ਮਸਤ ਰਹਿੰਦਾ ਹੈ, ਇਹ ਨਹੀਂ ਸਮਝਦਾ ਕਿ ਇਹ ਮਨੁੱਖਾ ਜੀਵਨ ਹੀ ਆਪਣਾ ਅਸਲ ਮੌਕਾ ਹੈ (ਜਦੋਂ ਪ੍ਰਭੂ ਨੂੰ ਯਾਦ ਕੀਤਾ ਜਾ ਸਕਦਾ ਹੈ)।1। ਰਹਾਉ।

ਹੇ ਭਾਈ! (ਅੰਦਰ ਉੱਠ ਰਹੀ) ਲੋਭ ਦੀ ਲਹਿਰ ਦੇ ਕਾਰਨ (ਮਾਇਕ ਲਾਭ ਦੀ ਆਸ ਤੇ) ਖ਼ੁਸ਼ ਹੋ ਕੇ ਫੁੱਲ ਫੁੱਲ ਬੈਠਦਾ ਹੈ, ਕਦੇ ਸੰਤ ਜਨਾਂ ਦਾ ਦਰਸਨ (ਭੀ) ਨਹੀਂ ਕਰਦਾ।2।

ਹੇ ਭਾਈ! ਆਤਮਕ ਜੀਵਨ ਦੀ ਸੂਝ ਤੋਂ ਸੱਖਣਾ ਮੂਰਖ ਮਨੁੱਖ (ਆਪਣੇ ਅਸਲ ਭਲੇ ਦੀ ਗੱਲ) ਕਦੇ ਭੀ ਨਹੀਂ ਸਮਝਦਾ, ਮੁੜ ਮੁੜ (ਮਾਇਆ ਦੇ) ਧੰਧਿਆਂ ਵਿਚ ਰੁੱਝਾ ਰਹਿੰਦਾ ਹੈ।1। ਰਹਾਉ।

ਹੇ ਭਾਈ! (ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਮਨੁੱਖ) ਵਿਸ਼ੇ-ਵਿਕਾਰਾਂ ਦੇ ਗੀਤ ਕੰਨੀਂ ਸੁਣ ਕੇ ਖ਼ੁਸ਼ ਹੁੰਦਾ ਹੈ। ਪਰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣਨੋਂ ਮਨ ਵਿਚ ਆਲਸ ਕਰਦਾ ਹੈ।3।

ਹੇ ਅੰਨ੍ਹੇ! ਤੂੰ ਅੱਖਾਂ ਨਾਲ (ਕਿਉਂ) ਨਹੀਂ ਵੇਖਦਾ ਕਿ ਇਹ ਸਾਰੇ (ਦੁਨੀਆ ਵਾਲੇ) ਧੰਧੇ ਛੱਡ ਕੇ (ਆਖ਼ਰ ਇਥੋਂ) ਚਲਾ ਜਾਏਂਗਾ?।1। ਰਹਾਉ।

ਹੇ ਨਾਨਕ! ਆਖ—ਹੇ ਪ੍ਰਭੂ! (ਮੇਰੇ ਉਤੇ) ਮੇਹਰ ਕਰ। ਕਿਰਪਾ ਕਰ ਕੇ ਮੈਨੂੰ ਗੁਰਮੁਖਾਂ ਦੀ ਸੰਗਤਿ ਬਖ਼ਸ਼।4।

ਹੇ ਭਾਈ! (ਸਾਧ ਸੰਗਤਿ ਵਿਚੋਂ ਭੀ) ਤਦੋਂ ਹੀ ਕੁਝ ਹਾਸਲ ਕਰ ਸਕੀਦਾ ਹੈ, ਜਦੋਂ ਗੁਰਮੁਖਾਂ ਦੇ ਚਰਨਾਂ ਦੀ ਧੂੜ ਬਣ ਜਾਈਏ। ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ (ਚਰਨ-ਧੂੜ ਹੋਣ ਦੀ) ਸੂਝ ਬਖ਼ਸ਼ਦਾ ਹੈ, ਓਹ (ਸਾਧ ਸੰਗਤਿ ਵਿਚ ਟਿਕ ਕੇ ਓਸ ਦਾ) ਨਾਮ ਸਿਮਰਦਾ ਹੈ।1। ਰਹਾਉ।2।8।